ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ ਪੰਜਾਬ ਪਾਵਰਕਾਮ/ਟਰਾਂਸਕੋ ਦੀ ਮੀਟਿੰਗ ਦਾ ਦ੍ਰਿਸ਼। ਤਸਵੀਰ: ਹੇਮੰਤ ਸ਼ਰਮਾ

ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ ਪੰਜਾਬ ਪਾਵਰਕਾਮ/ਟਰਾਂਸਕੋ ਦੀ ਸਾਲਾਨਾ ਮੀਟਿੰਗ

ਰਾਮਪੁਰਾ ਫੂਲ, 8 ਦਸੰਬਰ (ਹੇਮੰਤ ਕੁਮਾਰ ਸ਼ਰਮਾ)-ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਰਜਿ: ਪੰਜਾਬ ਪਾਵਰਕਾਮ ਅਤੇ ਟਰਾਂਸਕੋ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਬਾਬਾ ਅਮਰਜੀਤ ਸਿੰਘ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਪੰਜਾਬ ਸਰਕਾਰ ਵਲੋਂ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਵੱਟੀ ਚੁੱਪੀ ਅਤੇ ਟਾਲ ਮਟੋਲ ਦੀ ਨੀਤੀ ਦੀ ਸਖ਼ਤ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਦੀਆਂ ਜਥੇਬੰਦੀਆਂ ਨੂੰ ਮੀਟਿੰਗਾਂ ਦੇ ਕੇ ਲੰਮੇ ਸਮੇਂ ਤੋਂ ਪੈਂਡਿੰਗ ਪਈਆਂ ਮੁੱਖ ਮੰਗਾਂ ਜਿਵੇਂ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪੇ ਸਕੇਲਾਂ ਦੇ ਬਕਾਏ ਜਾਰੀ ਕੀਤੇ ਜਾਣ 31/12/2015 ਤੋਂ ਪਹਿਲਾਂ ਰਿਟਾਇਰ ਹੋਏ ਕਰਮਚਾਰੀਆਂ ਨੂੰ 2.59 ਦੇ ਫਾਰਮੂਲੇ ਅਨੁਸਾਰ ਪੈਨਸ਼ਨਾਂ ਦਿੱਤੀਆਂ ਜਾਣ, ਰਿਟਾਇਰ ਹੋਏ ਕਰਮਚਾਰੀਆਂ ਤੋਂ 200 ਰੁਪਏ ਮਹੀਨਾ ਕੱਟਿਆ ਜਾਂਦਾ ਜਜੀਆ ਟੈਕਸ ਬੰਦ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ ਜਾਰੀ ਕੀਤਾ ਜਾਵੇ, ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਰਿਟਾਇਰੀ ਕਰਮਚਾਰੀਆਂ ਤੋਂ ਲਿਆ ਜਾਂਦਾ ਅਲਾਈਵ ਸਰਟੀਫ਼ਿਕੇਟ ਸੌਖਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਜਨਰਲ ਸਕੱਤਰ ਪੰਜਾਬ ਬੀ. ਐਸ ਸੋਖੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਕਿਹਾ ਗਿਆ ਸੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਧਰਨੇ ਮੁਜ਼ਾਰੇ ਨਹੀਂ ਕਰਨੇ ਪੈਣਗੇ, ਪਰ ਹੁਣ ਇਕ ਦਿਨ ਵੀ ਅਜਿਹਾ ਨਹੀਂ ਲੰਘਦਾ, ਜਿਸ ਦਿਨ ਮੁਲਾਜ਼ਮ ਅਤੇ ਪੈਨਸ਼ਨਰ ਆਪਣੀਆਂ ਮੰਗਾਂ ਦੀ ਖਾਤਰ ਸੜਕਾਂ 'ਤੇ ਰੁਲਣ ਲਈ ਮਜ਼ਬੂਰ ਨਾ ਹੋਏ ਹੋਣ। ਮੀਟਿੰਗ ਵਿਚ ਬਾਬਾ ਅਮਰਜੀਤ ਸਿੰਘ, ਵਿਨੋਦ ਸਲਵਾਨ, ਪਰਮਜੀਤ ਸਿੰਘ ਦਸੂਹਾ, ਐਮ. ਐਲ. ਕਪਿਲਾ, ਬੀ. ਐਸ. ਸੋਖੋਂ, ਸੁਖਦੇਵ ਸਿੰਘ, ਲਖਬੀਰ ਸਿੰਘ, ਕੰਵਰ ਜਸਵਿੰਦਰ ਪਾਲ ਸਿੰਘ, ਰਾਮ ਕਿਸ਼ਨ, ਰਾਮ ਸਰਨ ਪਰਾਸ਼ਰ, ਪਲਮਿੰਦਰ ਸਿੰਘ, ਬਲਵਿੰਦਰ ਸਿੰਘ ਪਨਖੂਹ, ਪਵਿੱਤਰ ਸਿੰਘ, ਜਗਦੀਸ਼ ਰਾਮਪੁਰਾ, ਹਰਜਸ ਸਿੰਘ ਰਾਮਪੁਰਾ, ਜਗਦੇਵ ਸਿੰਘ ਮਾਨ, ਰਣਜੀਤ ਸਿੰਘ, ਕੁੰਵਰ ਸਿੰਘ ਚੌਹਾਨ, ਕੁਲਦੀਪ ਸਿੰਘ ਮਿਨਹਾਸ, ਪਰਮਜੀਤ ਸਿੰਘ ਜਲੰਧਰ, ਓਮ ਪ੍ਰਕਾਸ਼, ਅਵਤਾਰ ਸਿੰਘ ਬਮਰਾਹ, ਮਲਕੀਤ ਸਿੰਘ ਕੰਗ, ਲਖਵੀਰ ਸਿੰਘ ਸੰਧੂ, ਸ਼ਿਵਦੇਵ ਸਿੰਘ, ਮਹਿੰਦਰ ਸਿੰਘ ਫ਼ਿਰੋਜ਼ਪੁਰ, ਜਰਨੈਲ ਸਿੰਘ, ਸੁਰਿੰਦਰ ਸਿੰਘ ਸ਼ਾਹਪੁਰ ਕੰਢੀ ਹਾਜ਼ਰ ਸਨ।

ਬੱਚਿਆਂ ਨੂੰ ਵਰਦੀਆਂ ਦੀ ਵੰਡ ਕਰਨ ਸਮੇਂ ਬਲਵਿੰਦਰ ਕੌਰ ਤੇ ਵਕੀਲ ਅਮਨਪਾਲ ਸਿੰਘ ਸੋਖੋਂ।

ਸੋਖੋਂ ਪਰਿਵਾਰ ਵਲੋਂ ਲੋੜਵੰਦ ਬੱਚਿਆਂ ਨੂੰ ਵਰਦੀਆਂ ਵੰਡੀਆਂ

ਬਠਿੰਡਾ, 8 ਦਸੰਬਰ (ਪੱਤਰ ਪ੍ਰੇਰਕ)- ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸਿਵਲ ਲਾਈਨ ਬਠਿੰਡਾ ਵਿਖੇ ਪਰਮਜੀਤ ਸਿੰਘ ਸੋਖੋਂ ਪ੍ਰਧਾਨ ਜੋ ਪਿਛਲੇ ਦਿਨੀਂ ਅਚਾਨਕ ਵਿਛੋੜਾ ਦੇ ਗਏ ਸਨ, ਦੀ ਯਾਦ ਵਿਚ ਉਨ੍ਹਾਂ ਦੀ ਧਰਮ-ਪਤਨੀ ਬਲਵਿੰਦਰ ਕੌਰ ਅਤੇ ਬੇਟਾ ਅਮਨਪਾਲ ਸਿੰਘ ਸੋਖੋਂ ਐਡਵੋਕੇਟ, ਗੁਰਦਵਾਰਾ ਸਾਹਿਬ ਦੀ ਪ੍ਰਬੰਧਕ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਵਲੋਂ 60 ਲੋੜਵੰਦ ਬੱਚਿਆਂ ਨੂੰ ਵਰਦੀਆਂ ਵੰਡੀਆਂ ਗਈਆਂ। ਇਸ ਸੇਵਾ ਲਈ ਸਕੂਲ ਪ੍ਰਿੰਸੀਪਲ ਮੈਡਮ ਲਖਵੀਰ ਕੌਰ ਚੱਠਾ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਨੇ ਸੋਖੋਂ ਪਰਿਵਾਰ ਦਾ ਧੰਨਵਾਦ ਕੀਤਾ ਹੈ ਅਤੇ ਕਿਹਾ ਕਿ ਮਰਹੂਮ ਪਰਮਜੀਤ ਸਿੰਘ ਸੋਖੋਂ ਵਲੋਂ ਗੁਰਦੁਆਰਾ ਸਾਹਿਬ ਅਤੇ ਸਕੂਲਾਂ ਦੀਆਂ ਬਰਾਂਚਾਂ ਲਈ ਕੀਤੇ ਕੰਮਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਬੈਂਕ ਵਲੋਂ ਸੰਗਤ ਹਸਪਤਾਲ ਨੂੰ ਲੋੜੀਂਦਾ ਸਾਮਾਨ ਭੇਟ

ਸੰਗਤ ਮੰਡੀ, 8 ਦਸੰਬਰ (ਸੁਖਤੇਜ ਧਾਲੀਵਾਲ)- ਸਟੇਟ ਬੈਂਕ ਆਫ਼ ਇੰਡੀਆ ਬਠਿੰਡਾ ਦੇ ਮੁੱਖ ਦਫ਼ਤਰ ਵਲੋਂ ਸੀ. ਐਸ. ਆਰ ਦੇ ਤਹਿਤ ਕਮਿਊਨਿਟੀ ਹੈਲਥ ਸੈਂਟਰ ਸੰਗਤ ਵਿਚ ਲੋਕਾਂ ਦੀ ਸਹੂਲਤ ਲਈ ਲੋੜੀਂਦਾ ਸਾਮਾਨ ਭੇਟ ਕੀਤਾ ਗਿਆ ਜਿਸ ਨਾਲ ਹਸਪਤਾਲ ਅੰਦਰ ਲੋਕਾਂ ਨੂੰ ਹੋਰ ਵੀ ਬਿਹਤਰ ਸਹੂਲਤਾਂ ਮਿਲ ਸਕਣਗੀਆਂ। ਹਸਪਤਾਲ ਦੇ ਬਲਾਕ ਹੈਲਥ ਐਜੂਕੇਟਰ ਸਾਹਿਲ ਪੁਰੀ ਨੇ ਦੱਸਿਆ ਕਿ ਸਰਕਾਰੀ ਹਸਪਤਾਲ ਸੰਗਤ ਵਿਖੇ ਇੱਕ ਧੰਨਵਾਦ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸੰਸਥਾ ਵਲੋਂ ਐਸ.ਬੀ.ਆਈ ਦੇ ਅਧਿਕਾਰੀ ਮਨਜੀਤ ਸਿੰਘ ਚੀਫ਼ ਮੈਨੇਜਰ ਐਚ.ਆਰ.ਐਡਮੀਨ, ਰਾਜ ਕੁਮਾਰ ਡੀ.ਜੀ.ਐਸ., ਦਇਆ ਰਾਮ ਡਿਪਟੀ ਮੈਨੇਜਰ ਤੇ ਪ੍ਰੀਤਇੰਦਰ ਸਿੰਘ ਹੈੱਡ ਮੈਨੇਜਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਹਸਪਤਾਲ ਸੰਗਤ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਮਿਲ ਬਾਂਸਲ ਨੇ ਐਸ.ਬੀ.ਆਈ. ਵਲੋਂ ਸਿੱਖਿਆ ਤੇ ਸਿਹਤ ਸੰਸਥਾਵਾਂ ਦੀ ਸੀ.ਐਸ.ਆਰ ਦੇ ਤਹਿਤ ਕੀਤੀ ਜਾ ਰਹੀ ਸਹਾਇਤਾ ਲਈ ਸ਼ਲਾਘਾ ਕੀਤੀ। ਉਨ੍ਹਾਂ ਅਪੀਲ ਕਰਦੇ ਕਿਹਾ ਕਿ ਪੇਂਡੂ ਖੇਤਰ ਵਿਚ ਲੋਕ ਸੇਵਾ ਕਰ ਰਹੇ ਸਿਹਤ ਅਦਾਰਿਆਂ ਦੀ ਮਦਦ ਕਰਨ ਲਈ ਹੋਰ ਸੰਸਥਾਵਾਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਜਨ ਭਾਗੀਦਾਰੀ ਨਾਲ ਸਿਹਤਮੰਦ ਸਮਾਜ ਦੀ ਸਿਰਜਨਾ ਕੀਤੀ ਜਾ ਸਕੇ। ਇਸ ਮੌਕੇ ਡਾ.ਸੁਦੇਸ਼ ਕੁਮਾਰੀ, ਡਾ.ਰਜਿੰਦਰ ਕੁਮਾਰ, ਡਾ.ਗੁਰਪ੍ਰੀਤ ਕੌਰ, ਡਾ.ਸੁਮੀਤ, ਚੀਫ਼ ਫਾਰਮੇਸੀ ਅਫ਼ਸਰ ਰਵਿੰਦਰ ਗੋਇਲ, ਸਾਹਿਲ ਪੁਰੀ ਬਲਾਕ ਹੈਲਥ ਐਜੂਕੇਟਰ, ਜੋਗਿੰਦਰਪਾਲ, ਜਗਰੂਪ ਸਿੰਘ, ਓਮ ਪ੍ਰਕਾਸ਼ ਸਿਹਤ ਸੁਪਰਵਾਈਜ਼ਰ ਤੋਂ ਇਲਾਵਾ ਸਮੂਹ ਸਟਾਫ਼ ਹਾਜ਼ਰ ਸਨ।

ਸਰਕਾਰੀ ਹਸਪਤਾਲ ਸੰਗਤ ਵਿਖੇ ਬੈਂਕ ਅਧਿਕਾਰੀਆਂ ਦਾ ਸਨਮਾਨ ਕਰਦੇ ਹੋਏ ਡਾ: ਪਮਿਲ ਬਾਂਸਲ ਤੇ ਹੋਰ। ਤਸਵੀਰ: ਸੁਖਤੇਜ ਧਾਲੀਵਾਲ

ਸੁਖਬੀਰ ਸਿੰਘ ਬਾਦਲ 'ਤੇ ਬੇਅਦਬੀ ਤੇ ਕਤਲ ਦੇ ਮੁਕੱਦਮੇ ਚਲਾਏ ਜਾਣ- ਦਲ ਖ਼ਾਲਸਾ

ਭਾਈ ਚੌੜਾ ਦੀ ਦਸਤਾਰ ਉਤਾਰਨ ਵਾਲੇ ਵਿਰੁੱਧ ਕਾਰਵਾਈ ਦੀ ਮੰਗ

ਬਠਿੰਡਾ, 8 ਦਸੰਬਰ (ਸੱਤਪਾਲ ਸਿੰਘ ਸਿਵੀਆਂ)- ਗਰਮ-ਖ਼ਿਆਲੀ ਭਾਈ ਨਰਾਇਣ ਸਿੰਘ ਚੌੜਾ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਤੇ ਸੂਬੇ ਦੇ ਸਾਬਕਾ ਉੱਪ-ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਕੀਤੇ ਗਏ ਕਾਤਲਾਨਾ ਹਮਲੇ ਬਾਅਦ ਜਿੱਥੇ ਅਕਾਲੀ ਦਲ ਚੌੜਾ ਦੇ ਖ਼ਿਲਾਫ਼ ਡੱਟਿਆ ਹੋਇਆ ਹੈ, ਉੱਥੇ ਸਿੱਖ ਜਥੇਬੰਦੀ ਦਲ ਖ਼ਾਲਸਾ ਭਾਈ ਚੌੜਾ ਦੇ ਹੱਕ 'ਚ ਆ ਖੜ੍ਹੀ ਹੈ, ਜਿਸ ਕਾਰਨ ਦੋਵਾਂ ਧਿਰਾਂ ਇਕ-ਦੂਜੇ ਦੇ ਖ਼ਿਲਾਫ਼ ਕਾਰਵਾਈ ਦੀ ਮੰਗ ਕਰ ਰਹੀਆਂ ਹਨ। ਦਲ ਖ਼ਾਲਸਾ ਦੇ ਸੀਨੀਅਰ ਉੱਪ-ਪ੍ਰਧਾਨ ਬਾਬਾ ਹਰਦੀਪ ਸਿੰਘ ਮਹਿਰਾਜ, ਕੇਂਦਰੀ ਵਰਕਿੰਗ ਕਮੇਟੀ ਮੈਂਬਰ ਭਾਈ ਗੁਰਵਿੰਦਰ ਸਿੰਘ ਬਠਿੰਡਾ, ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਜੀਵਨ ਸਿੰਘ ਗਿੱਲ ਕਲਾਂ, ਭਗਵਾਨ ਸਿੰਘ ਸੰਧੂ ਖ਼ੁਰਦ ਤੇ ਰਾਮ ਸਿੰਘ ਢਿਪਾਲੀ ਨੇ ਮੰਗ ਕੀਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੁਖਬੀਰ ਸਿੰਘ ਬਾਦਲ ਵਲੋਂ ਆਪਣੀ ਸਰਕਾਰ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ, ਝੂਠੇ ਪੁਲਿਸ ਮੁਕਾਬਲਿਆਂ ਦੇ ਦੋਸ਼ੀ ਸੁਮੇਧ ਸੈਣੀ ਨੂੰ ਪੁਲਿਸ ਮੁਖੀ ਲਗਾਉਣ ਤੇ ਬਰਗਾੜੀ ਕਤਲ ਵਰਗੇ ਸਾਰੇ ਗੁਨਾਹ ਪ੍ਰਤੱਖ ਰੂਪ 'ਚ ਕਬੂਲ ਕੀਤੇ ਗਏ ਹਨ, ਜਿਸ ਤਹਿਤ ਪੰਜਾਬ ਸਰਕਾਰ ਸੁਖਬੀਰ 'ਤੇ ਬੇਅਦਬੀ ਅਤੇ ਕਤਲ ਦੇ ਮੁਕੱਦਮੇ ਦਰਜ਼ ਕਰਕੇ ਕਾਰਵਾਈ ਸ਼ੁਰੂ ਕਰੇ। ਉਨ੍ਹਾਂ ਕਿਹਾ ਕਿ ਬਾਦਲ ਹਕੂਮਤ ਦੌਰਾਨ ਇਕ ਦਰਜਨ ਦੇ ਕਰੀਬ ਸਿੱਖਾਂ ਦੇ ਕਤਲ ਹੋਏ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਇਨਸਾਫ਼ ਦਿਵਾਇਆ ਜਾਵੇ। ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਭਾਈ ਨਰਾਇਣ ਸਿੰਘ ਚੌੜਾ ਦੀ ਦਸਤਾਰ ਉਤਾਰਨ ਵਾਲੇ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਉਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕਰਕੇ ਤਨਖ਼ਾਹ ਲਗਾਈ ਜਾਵੇ।

ਹੈਰੋਇਨ ਸਮੇਤ ਇਕ ਗ੍ਰਿਫ਼ਤਾਰ

ਬਠਿੰਡਾ, 8 ਦਸੰਬਰ (ਪੱਤਰ ਪ੍ਰੇਰਕ)- ਜ਼ਿਲ੍ਹਾ ਪੁਲਿਸ ਵਲੋਂ ਨਸ਼ਿਆਂ ਦੇ ਖ਼ਿਲਾਫ਼ ਵਿੱਢੀ ਗਈ ਮੁਹਿਮ ਦੇ ਤਹਿਤ ਇਕ ਵਿਅਕਤੀ ਨੂੰ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਦੇ ਖ਼ਿਲਾਫ਼ ਥਾਣਾ ਸਦਰ ਬਠਿੰਡਾ ਵਿਖੇ ਨਸ਼ਾ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਥਾਣਾ ਸਦਰ ਦੇ ਮੁੱਖ ਅਧਿਕਾਰੀ ਨੇ ਦੱਸਿਆ ਕਿ ਜਦੋਂ ਸਹਾਇਕ ਥਾਣੇਦਾਰ ਸੁਖਜੰਟ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵਲੋਂ ਪਿੰਡ ਬੀੜ ਤਲਾਬ ਵਿਖੇ ਸ਼ੱਕੀ ਵਿਅਕਤੀਆਂ ਸਬੰਧੀ ਗਸ਼ਤ ਕੀਤੀ ਜਾ ਰਹੀ ਸੀ ਤਾਂ ਸ਼ੱਕ ਦੇ ਆਧਾਰ 'ਤੇ ਇਕ ਵਿਅਕਤੀ ਨੂੰ ਰੋਕ ਕੇ ਜਦੋਂ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 35 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਦੀ ਪਹਿਚਾਣ ਕ੍ਰਿਸ਼ਨ ਸਿੰਘ ਵਾਸੀ ਬੀੜ ਤਲਾਬ ਵਜੋਂ ਹੋਈ ਹੈ, ਜਿਸ ਦੇ ਖ਼ਿਲਾਫ਼ ਥਾਣਾ ਸਦਰ ਵਿਖੇ ਨਸ਼ਾ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਖ਼ੁਸ਼ਬਾਜ ਸਿੰਘ ਜਟਾਣਾ ਨੇ ਕੀਤਾ ਪਿੰਡਾਂ ਦਾ ਦੌਰਾ

ਤਲਵੰਡੀ ਸਾਬੋ ਦੇ ਵਿਕਾਸ ਲਈ ਦਿੱਤੀ ਗ੍ਰਾਂਟ ਨੂੰ ਦੱਸਿਆ ਨਿਗੂਣਾ

ਤਲਵੰਡੀ ਸਾਬੋ, 8 ਦਸੰਬਰ (ਪੱਤਰ ਪ੍ਰੇਰਕ)- ਜ਼ਿਲ੍ਹਾ ਕਾਂਗਰਸ ਕਮੇਟੀ ਬਠਿੰਡਾ (ਦਿਹਾਤੀ) ਦੇ ਪ੍ਰਧਾਨ ਅਤੇ ਹਲਕਾ ਤਲਵੰਡੀ ਸਾਬੋ ਦੇ ਕਾਂਗਰਸ ਇੰਚਾਰਜ ਖ਼ੁਸ਼ਬਾਜ ਸਿੰਘ ਜਟਾਣਾ ਨੇ ਅੱਜ ਹਲਕੇ ਦੇ ਕਈ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਕਾਂਗਰਸੀ ਵਰਕਰਾਂ ਅਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਉੱਥੇ 'ਆਪ' ਸਰਕਾਰ ਦੇ ਨੁਮਾਇੰਦਿਆਂ ਵਲੋਂ ਤਲਵੰਡੀ ਸਾਬੋ ਦੇ ਵਿਕਾਸ ਲਈ ਲਿਆਂਦੀ ਗ੍ਰਾਂਟ ਨੂੰ ਨਿਗੂਣਾ ਕਰਾਰ ਦਿੰਦਿਆਂ ਮੰਗ ਕੀਤੀ ਕਿ ਸ਼ਹਿਰ ਦੀ ਮਹੱਤਤਾ ਨੂੰ ਦੇਖਦਿਆਂ ਵਿਕਾਸ ਕਾਰਜਾਂ ਲਈ ਵਿਸ਼ੇਸ਼ ਫ਼ੰਡ ਜਾਰੀ ਹੋਣ। ਵੱਖ-ਵੱਖ ਨਿੱਜੀ ਪ੍ਰੋਗਰਾਮਾਂ 'ਚ ਸ਼ਮੂਲੀਅਤ ਉਪਰੰਤ ਗੱਲਬਾਤ ਦੌਰਾਨ ਖ਼ੁਸ਼ਬਾਜ ਸਿੰਘ ਜਟਾਣਾ ਨੇ ਕਿਹਾ ਕਿ ਪਹਿਲਾਂ ਕਰੀਬ ਪੌਣੇ ਤਿੰਨ ਸਾਲ ਹੋ ਚੁੱਕੇ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਪਰ ਇਉਂ ਲੱਗਦਾ ਸੀ ਕਿ ਸਰਕਾਰ ਹਲਕਾ ਤਲਵੰਡੀ ਸਾਬੋ ਨੂੰ ਭੁੱਲ ਹੀ ਗਈ ਹੈ ਅਤੇ ਹੁਣ ਜਦੋਂ ਨਗਰ ਕੌਂਸਲ ਤਲਵੰਡੀ ਸਾਬੋ ਦੀਆਂ ਚੋਣਾਂ ਦਾ ਵਿਗੁਲ ਵੱਜ ਚੁੱਕਾ ਹੈ ਤਾਂ ਲੋਕਾਂ ਦੇ ਅੱਖਾਂ 'ਚ ਘੱਟਾ ਪਾਉਣ ਦੀ ਕੋਸ਼ਿਸ਼ ਤਹਿਤ ਸਰਕਾਰ ਦੇ ਨੁਮਾਇੰਦਿਆਂ ਨੇ ਸ਼ਹਿਰ ਦੇ ਵੱਖ-ਵੱਖ ਵਿਕਾਸ ਕਾਰਜਾਂ ਲਈ ਜੋ ਰਕਮ ਲਿਆਂਦੀ ਹੈ ਉਹ ਉੱਠ ਦੇ ਮੂੰਹ 'ਚ ਜ਼ੀਰੇ ਦੇ ਸਮਾਨ ਹੈ। ਉਨ੍ਹਾਂ ਕਿਹਾ ਕਿ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਲੋਕਾਂ ਨੂੰ ਜਿੱਥੇ ਪਿਛਲੇ ਸਮੇਂ ਤੋਂ ਸੀਵਰੇਜ ਲੀਕੇਜ, ਪੀਣ ਵਾਲੇ ਸਾਫ਼ ਪਾਣੀ ਦੀ ਉਪਲੱਬਧਤਾ ਆਦਿ 'ਚ ਵੱਡੀਆਂ ਮੁਸ਼ਕਿਲਾਂ ਪੇਸ਼ ਆ ਰਹੀਆਂ ਹਨ ਉੱਥੇ ਸ਼ਹਿਰ ਦੀਆਂ ਅੰਦਰੂਨੀ ਸੜਕਾਂ ਦੀ ਹਾਲਤ ਇੰਨੀ ਮਾੜੀ ਹੋ ਚੁੱਕੀ ਹੈ ਕਿ ਲੰਘਣਾ ਮੁਸ਼ਕਿਲ ਹੋਇਆ ਪਿਐ। ਹੋਰ ਤਾਂ ਹੋਰ ਪਿਛਲੇ ਕਰੀਬ ਪੌਣੇ ਦੋ ਸਾਲ੍ਹਾਂ ਤੋਂ ਨਗਰ 'ਚ ਨਗਰ ਕੌਂਸਲ ਨੇ ਫੌਗਿੰਗ ਤੱਕ ਨਹੀ ਕروਾਈ ਕਿਉਂਕਿ ਜਾਣਕਾਰੀ ਮੁਤਾਬਿਕ ਖ਼ਰਾਬ ਫੌਗਿੰਗ ਮਸ਼ੀਨਾਂ ਦੀ ਮੁਰੰਮਤ ਤੱਕ ਦੇ ਪੈਸੇ ਨਹੀ ਲਿਆਂਦੇ ਜਾ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਨੂੰ ਖੱਜਲ-ਖੁਆਰ ਕਰਨ ਦਾ ਜਵਾਬ ਲੋਕ ਐਤਕੀਂ ਨਗਰ ਕੌਂਸਲ ਚੋਣਾਂ ਚ ਸਰਕਾਰੀ ਧਿਰ ਨੂੰ ਦੇਣਗੇ। ਜਟਾਣਾ ਨਾਲ ਪੰਜਾਬ ਯੂਥ ਕਾਂਗਰਸ ਜਨਰਲ ਸਕੱਤਰ ਰਣਜੀਤ ਸੰਧੂ, ਹਰਬੰਸ ਸਿੰਘ, ਦਵਿੰਦਰ ਸਿੰਘ ਸੂਬਾ, ਦਿਲਪ੍ਰੀਤ ਸਿੰਘ ਜਗਾ, ਜਸਕਰਨ ਗੁਰੂਸਰ, ਅੰਮ੍ਰਿਤਪਾਲ ਗਹਿਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਚਿੰਟੂ ਜਿੰਦਲ ਅਤੇ ਬਲਵਿੰਦਰ ਸਿੰਘ ਸੀਂਗੋ ਆਦਿ ਆਗੂ ਮੌਜੂਦ ਰਹੇ।

ਇਕ ਪ੍ਰੋਗਰਾਮ 'ਚ ਸ਼ਮੂਲੀਅਤ ਦੌਰਾਨ ਸਾਥੀਆਂ ਨਾਲ ਖ਼ੁਸ਼ਬਾਜ ਜਟਾਣਾ।

ਕੇਂਦਰ ਦੇ ਇਸ਼ਾਰੇ 'ਤੇ ਹਰਿਆਣਾ ਸਰਕਾਰ ਕਿਸਾਨਾਂ ਨਾਲ ਅਣਮਨੁੱਖੀ ਵਰਤਾਅ ਬੰਦ ਕਰੇ-ਸਾਬਕਾ ਵਿਧਾਇਕ ਸਿੱਧੂ

ਮੌੜ ਮੰਡੀ, 8 ਦਸੰਬਰ (ਗੁਰਜੀਤ ਕਮਾਲੂ)- ਸ਼ਾਂਤਮਈ ਤਰੀਕੇ ਨਾਲ ਬਿਨ੍ਹਾਂ ਵਾਹਨਾਂ ਤੋਂ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਦਿੱਲੀ ਵੱਲ ਕੂਚ ਕਰ ਰਹੇ ਕਿਸਾਨਾਂ ਨਾਲ ਸ਼ੰਭੂ ਹੱਦ ਤੇ ਹਰਿਆਣਾ ਸਰਕਾਰ ਕੇਂਦਰ ਦੇ ਇਸ਼ਾਰੇ ਤੇ ਜੋ ਅਣਮਨੁੱਖੀ ਤਸ਼ੱਦਦ ਕਰ ਰਹੀ ਹੈ ਉਸ ਨੂੰ ਤੁਰੰਤ ਬੰਦ ਕਰੇ। ਉਕਤ ਵਿਚ